ਮਾਝ ਮਹਲਾ ੫ ॥ ਲਾਲ ਗੋਪਾਲ ਦਇਆਲ ਰੰਗੀਲੇ ॥ ਗਹਿਰ ਗੰਭੀਰ ਬੇਅੰਤ ਗੋਵਿੰਦੇ ॥ ਊਚ ਅਥਾਹ ਬੇਅੰਤ ਸੁਆਮੀ ਸਿਮਰਿ ਸਿਮਰਿ ਹਉ ਜੀਵਾਂ ਜੀਉ ॥ ੧॥ ਦੁਖ ਭੰਜਨ ਨਿਧਾਨ ਅਮੋਲੇ ॥ ਨਿਰਭਉ ਨਿਰਵੈਰ ਅਥਾਹ ਅਤੋਲੇ ॥ਅਕਾਲ ਮੂਰਤਿ ਅਜੂਨੀ ਸੰਭੌ ਮਨ ਸਿਮਰਤ ਠੰਢਾ ਥੀਵਾਂ ਜੀਉ ॥੨॥ ਸਦਾ ਸੰਗੀ ਹਰਿ ਰੰਗ ਗੋਪਾਲਾ ॥ ਊਚ ਨੀਚ ਕਰੇ ਪ੍ਰਤਿਪਾਲਾ ॥ ਨਾਮੁ ਰਸਾਇਣੁ ਮਨੁ ਤ੍ਰਿਪਤਾਇਣੁ ਗੁਰਮੁਖਿ ਅੰਮ੍ਰਿਤੁ ਪੀਵਾਂ ਜੀਉ ॥ ੩॥ ਦੁਖਿ ਸੁਖਿ ਪਿਆਰੇ ਤੁਧੁ ਧਿਆਈ ॥ ਏਹ ਸੁਮਤਿ ਗੁਰੂ ਤੇ ਪਾਈ ॥ ਨਾਨਕ ਕੀ ਧਰ ਤੂੰਹੈ ਠਾਕੁਰ ਹਰਿ ਰੰਗਿ ਪਾਰਿ ਪਰੀਵਾਂ ਜੀ ਉ ॥੪॥੯॥੧੬॥ {ਪੰਨਾ 99}

ਪਦਅਰਥ:- ਲਾਲ—ਹੇ ਲਾਲ! ਹੇ ਪਿਆਰੇ! ਰੰਗੀਲੇ—ਹੇ ਰੰਗੀਲੇ! {ਰੰਗ-ਆਲਯ} ਹੇ ਆਨੰਦ ਦੇ ਸੋਮੇ! ਗੰਭੀਰ—ਹੇ ਵੱਡੇ ਜਿਗਰੇ ਵਾਲੇ! ਹਉ—ਮੈਂ। ਜੀਵਾਂ—ਆਤਮਕ ਜੀਵਨ ਪ੍ਰਾਪਤ ਕਰਦਾ ਹਾਂ।1।

ਦੁਖ ਭੰਜਨ—ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਨਿਧਾਨ—ਹੇ ਖ਼ਜ਼ਾਨੇ! ਸੰਭੌ—{ਸ੍ਵਯੰਭੂ, ÔvXzBu} ਆਪਣੇ ਆਪ ਤੋਂ ਪਰਗਟ ਹੋਣ ਵਾਲਾ। ਮਨਿ—ਮਨ ਵਿਚ। ਠੰਢਾ—ਸ਼ਾਂਤ।2।

ਰਸਾਇਣੁ—ਰਸਾਂ ਦੇ ਘਰ। ਤ੍ਰਿਪਤਾਇਣੁ—ਤ੍ਰਿਪਤ ਕਰਨ ਵਾਲਾ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ਨਾਮ ਰਸ।3।

ਦੁਖਿ—ਦੁੱਖ ਵਿਚ। ਪਿਆਰੇ—ਹੇ ਪਿਆਰੇ! ਤੁਧੁ—ਤੈਨੂੰ। ਸੁਮਤਿ—ਚੰਗੀ ਅਕਲ। ਤੇ—ਤੋਂ। ਧਰ—ਆਸਰਾ। ਠਾਕੁਰ—ਹੇ ਠਾਕੁਰ! ਰੰਗਿ—ਪ੍ਰੇਮ ਵਿਚ।4।

ਅਰਥ:- ਹੇ ਪਿਆਰੇ ਪ੍ਰਭੂ! ਹੇ ਸ੍ਰਿਸ਼ਟੀ ਦੇ ਰਾਖੇ! ਹੇ ਦਇਆ ਦੇ ਘਰ! ਹੇ ਆਨੰਦ ਦੇ ਸੋਮੇ! ਹੇ ਡੂੰਘੇ ਤੇ ਵੱਡੇ ਜਿਗਰ ਵਾਲੇ! ਹੇ ਬੇਅੰਤ ਗੋਬਿੰਦ! ਹੇ ਸਭ ਤੋਂ ਉੱਚੇ ਅਥਾਹ ਤੇ ਬੇਅੰਤ ਪ੍ਰਭੂ! ਹੇ ਸੁਆਮੀ! (ਤੇਰੀ ਮਿਹਰ ਨਾਲ ਤੇਰਾ ਨਾਮ) ਸਿਮਰ ਸਿਮਰ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ।1।

ਹੇ (ਜੀਵਾਂ ਦੇ) ਦੁੱਖ ਨਾਸ ਕਰਨ ਵਾਲੇ! ਹੇ ਕੀਮਤੀ ਪਦਾਰਥਾਂ ਦੇ ਖ਼ਜ਼ਾਨੇ! ਹੇ ਨਿਡਰ ਨਿਰਵੈਰ ਅਥਾਹ ਤੇ ਅਤੋਲ ਪ੍ਰਭੂ! ਤੇਰੀ ਹਸਤੀ ਮੌਤ ਤੋਂ ਰਹਿਤ ਹੈ, ਤੂੰ ਜੂਨਾਂ ਵਿਚ ਨਹੀਂ ਆਉਂਦਾ, ਤੇ ਆਪਣੇ ਆਪ ਤੋਂ ਹੀ ਪਰਗਟ ਹੁੰਦਾ ਹੈਂ। (ਤੇਰਾ ਨਾਮ) ਮਨ ਵਿਚ ਸਿਮਰ ਸਿਮਰ ਕੇ ਮੈਂ ਸ਼ਾਂਤ ਚਿੱਤ ਹੋ ਜਾਂਦਾ ਹਾਂ।2।

ਪਰਮਾਤਮਾ (ਆਪਣੀ) ਸ੍ਰਿਸ਼ਟੀ ਦੀ ਪਾਲਣਾ ਕਰਨ ਵਾਲਾ ਹੈ, ਸਦਾ ਸਭ ਜੀਵਾਂ ਦੇ ਅੰਗ ਸੰਗ ਰਹਿੰਦਾ ਹੈ, ਤੇ ਸਭ ਸੁਖ ਦੇਣ ਵਾਲਾ ਹੈ। (ਜਗਤ ਵਿਚ) ਉੱਚੇ ਅਖਵਾਣ ਵਾਲੇ ਤੇ ਨੀਵੇਂ ਅਖਵਾਣ ਵਾਲੇ ਸਭ ਜੀਵਾਂ ਦੀ ਪਾਲਣਾ ਕਰਦਾ ਹੈ। ਪਰਮਾਤਮਾ ਦਾ ਨਾਮ ਸਭ ਰਸਾਂ ਦਾ ਸੋਮਾ ਹੈ (ਜੀਵਾਂ ਦੇ) ਮਨ ਨੂੰ (ਮਾਇਆ ਦੀ ਤ੍ਰਿਸ਼ਨਾ ਵਲੋਂ) ਤ੍ਰਿਪਤ ਕਰਨ ਵਾਲਾ ਹੈ।

ਗੁਰੂ ਦੀ ਸਰਨ ਪੈ ਕੇ ਆਤਮਕ ਜੀਵਨ ਦੇਣ ਵਾਲੇ ਉਸ ਨਾਮ ਰਸ ਨੂੰ ਮੈਂ ਪੀਂਦਾ ਰਹਿੰਦਾ ਹਾਂ।3।

ਹੇ ਪਿਆਰੇ ਪ੍ਰਭੂ! ਦੁੱਖ ਵਿਚ (ਫਸਿਆ ਪਿਆ ਹੋਵਾਂ, ਚਾਹੇ) ਸੁਖ ਵਿਚ (ਵੱਸ ਰਿਹਾ ਹੋਵਾਂ) ਮੈਂ ਸਦਾ ਤੈਨੂੰ ਹੀ ਧਿਆਉਂਦਾ ਹਾਂ (ਤੇਰਾ ਹੀ ਧਿਆਨ ਧਰਦਾ ਹਾਂ)—ਇਹ ਚੰਗੀ ਅਕਲ ਮੈਂ (ਆਪਣੇ) ਗੁਰੂ ਤੋਂ ਲਈ ਹੈ। ਹੇ ਸਭ ਦੇ ਪਾਲਣਹਾਰ! ਨਾਨਕ ਦਾ ਆਸਰਾ ਤੂੰ ਹੀ ਹੈਂ।

(ਹੇ ਭਾਈ!) ਪਰਮਾਤਮਾ ਦੇ ਪ੍ਰੇਮ-ਰੰਗ ਵਿਚ (ਲੀਨ ਹੋ ਕੇ ਹੀ) ਮੈਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕਦਾ ਹਾਂ।4।9।16।